# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।
# ਪ੍ਰੈਸ ਨੋਟ

## ਤਿਕਸ਼ਨ ਸੂਦ ਵਲੋਂ ਵਾਰਡ ਨੰ: 37 ਵਿਚ 29 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਈਲਾਂ ਦੇ ਕੰਮ ਦੀ ਸ਼ੁਰੂਆਤ

## ਰਾਜਨੀਤੀ ਤੋਂ ਉਪਰ ਉੱਠ ਕੇ ਬਿਨ੍ਹਾਂ ਭੇਦਭਾਵ ਕੀਤੇ ਜਾ ਰਹੇ ਹਨ ਵਿਕਾਸ ਕਾਰਜ

ਹੁਸ਼ਿਆਰਪੁਰ 19 ਅਗਸਤ ਨਗਰ ਨਿਗਮ ਹੁਸ਼ਿਆਰਪੁਰ ਦੇ ਸਾਰੇ ਵਾਰਡਾਂ ਵਿਚ ਸਭ ਦਾ ਸਾਥ, ਸਭ ਦਾ ਵਿਕਾਸ ਦੇ ਮੰਤਵ ਨੂੰ ਲੈ ਕੇ ਰਾਜਨੀਤੀ ਤੋਂ ਉਪਰ ਉੱਠ ਕੇ ਬਿਨ੍ਹਾਂ ਭੇਦਭਾਵ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਹ ਵਿਚਾਰ ਮੁੱਖ ਮੰਤਰੀ ਪੰਜਾਬ ਦੇ ਰਾਜਨੀਤੀਕ ਸਲਾਹਕਾਰ ਸ੍ਰੀ ਤਿਕਸ਼ਨ ਸੂਦ ਨੇ ਅੱਜ ਵਾਰਡ ਨੰ: 37 ਦੇ ਮੁਹੱਲਾ ਨਈ ਆਬਾਦੀ ਵਿੱਚ 29 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਇਲਾਂ ਨਾਲ ਬਣਨ ਵਾਲੀਆਂ ਗਲੀਆਂ ਦੇ ਕੰਮ ਦੀ ਸ਼ੁਰਆਤ ਕਰਨ ਮੌਕੇ ਪ੍ਰਗਟ ਕੀਤੇ। ਉਹਨਾਂ ਦੱਸਿਆ ਕਿ ਪਿਛਲੇ ਦਿੰਨੀ ਮੁੱਖ ਮੰਤਰੀ ਸ: ਪ੍ਰਕਾਸ਼ ਸਿੰਘ ਬਾਦਲ ਵੱਲੋਂ ਸ਼ਹਿਰ ਦੇ ਸਰਖ ਪੱਖੀ ਵਿਕਾਸ ਲਈ 49 ਕਰੋੜ ਰੁਪਏ ਮੰਨਜੂਰ ਕੀਤੇ ਗਏ ਹਨ ਅਤ ਅਮ੍ਰਿਤ ਯੋਜਨਾ ਤਹਿਤ ਨਗਰ ਨਿਗਮ ਵਿੱਚ 100 ਪ੍ਰਤੀਸ਼ਤ ਸੀਵਰੇਜ਼ ਅਤੇ ਪੀਣ ਵਾਲੇ ਪਾਣੀ ਦੀ ਸੁਵਿੱਧਾ ਮੁਹਈਆਂ ਕਰਵਾਈ ਜਾ ਰਹੀ ਹੈ।

ਮੇਅਰ ਸ਼ਿਵ ਸੂਦ ਨੇ ਇਸ ਮੋਕੇ ਤੇ ਜਾਣਕਾਰੀ ਦਿਦਿੰਆ ਦੱਸਿਆ ਕਿ ਨਗਰ ਨਿਗਮ ਵੱਲੋਂ ਪੀਣ ਵਾਲੇ ਪਾਣੀ ਦੀ ਸਮਸਿੱਆ ਨੂੰ ਹੱਲ ਕਰਨ ਲਈ 10 ਨਵੇਂ ਟਿਊਬਵੈੱਲ ਮੰਨਜੂਰ ਕੀਤੇ ਸਨ ਜਿਹਨ੍ਹਾ ਵਿੱਚੋ 7 ਟਿਊਬਵੈੱਲ ਚਾਲੂ ਹੋ ਚੁੱਕੇ ਹਨ। ਇਸ ਤੋਂ ਇਲਾਵਾ ਨਗਰ ਨਿਗਮ ਦੇ ਕੋਂਸਲਰਾਂ ਵੱਲੋਂ ਕੀਤੀ ਮੰਗ ਅਨੁਸਾਰ 23 ਹੋਰ ਨੇਂ ਟਿਊਬਵੈਲ ਲਗਵਾਉਣ ਦੀ ਮੰਨਜੂਰੀ ਦਿੱਤੀ ਗਈ ਹੈ।ਵਾਰਡ ਨੰਬਰ 37 ਦੇ ਕੋਸਲਰ ਸੁਦਰਸ਼ਨ ਧੀਰ ਨੇ ਮੁਹੱਲਾ ਵਾਸੀਆਂ ਵੱਲੋਂ ਤਿਕਸ਼ੁਨ ਸੂਦ, ਮੇਅਰ ਸ਼ਿਵ ਸੂਦ ਅਤੇ ਨਗਰ ਨਿਗਮ ਦੇ ਅਧਿਕਾਰੀਆਂ ਦਾ ਧੰਨਵਾਦ ਕੀਤਾ।

ਕਾਰਜਕਾਰੀ ਇੰਜੀਨੀਅਰ ਸਤੀਸ਼ ਸੈਦੀ, ਏ.ਐਮ.ਈ ਹਰਪ੍ਰੀਤ ਸਿੰਘ, ਜੇ.ਈ ਲਵਦੀਪ ਮੰਡਲ ਪ੍ਰਧਾਨ ਵਿਨੋਦ ਪਰਮਾਰ, ਕੌਂਸਲਰ ਵਿਕਰਮ ਮਹਿਤਾ, ਸੁਰੇਸ਼ ਕੁਮਾਰ, ਸ਼੍ਰੀਮਤੀ ਰਜਨੀ, ਪ੍ਰਦੀਪ ਕੁਮਾਰ, ਧਿਆਨ ਚੰਦ, ਕੁਲਵਿੰਦਰ ਸਿੰਘ ਹੁੰਦਲ, ਪ੍ਰਦੀਪ ਕੁਮਾਰ, ਪ੍ਰਦੀਪ ਕੁਮਾਰ, ਸ਼ਾਮ ਧੀਰ, ਰਵੀ ਸ਼ਰਮਾ, ਬੱਸੀ, ਕਮਲੇਸ਼ ਸ਼ਰਮਾ, ਰਾਮਦੇਵ ਯਾਦਵ, ਅਤੇ ਮੁੱਹਲਾ ਨਿਵਾਸੀ ਇਸ ਮੌਕੇ ਤੇ ਹਾਜ਼ਰ ਸਨ।